# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 19-03-2026**

ਪੰਜਾਬ ਸਰਕਾਰ ਵੱਲੋਂ ਸਿਰਫ ਚਾਰ ਸਾਲਾਂ ਵਿੱਚ ਮੌਸਮੀ ਦਰਿਆਵਾਂ ਤੋਂ 10 ਹਜ਼ਾਰ ਕਿਊਸਿਕ ਪਾਣੀ ਯਕੀਨੀ ਬਣਾ ਕੇ ਅਤੇ ਬੰਦ ਹੋ ਰਹੇ ਨਹਿਰੀ ਨੈੱਟਵਰਕ ਨੂੰ ਮੁੜ ਸੁਰਜੀਤ ਕਰ ਕੇ ਸੂਬੇ ਦੇ ਖੇਤਾਂ ਨੂੰ ਭਾਖੜਾ ਨਹਿਰ ਦੇ ਬਰਾਬਰ ਪਾਣੀ ਦੀ ਸਪਲਾਈ ਦਿੱਤੀ ਗਈ ਏ। ਇਸ ਬਾਰੇ ਮੀਡੀਆ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਲ 2022 ਵਿੱਚ ਨਹਿਰੀ ਸਿੰਚਾਈ ਨਾਲ ਸਿਰਫ 26.5 ਫ਼ੀਸਦ ਸਿੰਚਾਈ ਕੀਤੀ ਜਾਂਦੀ ਸੀ ਜੋ ਵੱਧ ਕੇ ਅੱਜ 78 ਫ਼ੀਸਦ ਹੋ ਗਈ ਏ। ਇਸੇ ਤਹਿਤ 22 ਕਿਲੋਮੀਟਰ ਲੰਬੀ ਸਰਹਾਲੀ ਨਹਿਰ ਦੇ ਲੰਬੇ ਸਮੇਂ ਤੋਂ ਬੰਦ ਪਏ ਸਿਸਟਮ ਨੂੰ ਮੁੜ ਸੁਰਜੀਤ ਕੀਤਾ ਗਿਆ ਏ। ਮੁੱਖ ਮੰਤਰੀ ਨੇ ਕਿਹਾ ਕਿ ਅਪ੍ਰੈਲ, 2022 ਤੋਂ ਹੁਣ ਤੱਕ ਨਹਿਰਾਂ ਦੀ ਲਾਈਨਿੰਗ, ਮੁਰੰਮਤ, ਆਧੁਨਿਕੀਕਰਨ ਅਤੇ ਬੁਨਿਆਦੀ ਢਾਂਚੇ ਦੀ ਮਜ਼ਬੂਤੀ ‘ਤੇ 6 ਹਜ਼ਾਰ 700 ਕਰੋੜ ਰੁਪਏ ਖਰਚ ਕੀਤੇ ਗਏ ਨੇ।

---

ਹਰਿਆਣਾ ਸਕੂਲ ਸਿੱਖਿਆ ਬੋਰਡ ਨੇ ਰਾਸ਼ਟਰੀ ਸਿੱਖਿਆ ਨੀਤੀ-2020

ਮੁਤਾਬਿਕ ਤਿੰਨ ਭਾਸ਼ਾਵਾਂ ਦਾ ਫਾਰਮੂਲਾ ਲਾਗੂ ਕਰਨ ਦਾ ਫੈਸਲਾ ਕੀਤਾ ਏ। ਇਸ ਢਾਂਚੇ ਤਹਿਤ, 9ਵੀਂ ਅਤੇ 10ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਹਿੰਦੀ ਅਤੇ ਅੰਗਰੇਜ਼ੀ ਦੇ ਨਾਲ-ਨਾਲ ਇੱਕ ਵਾਧੂ ਭਾਸ਼ਾ ਪੜ੍ਹਨੀ ਹੋਵੇਗੀ। ਉਹਨਾਂ ਨੂੰ ਸੰਸਕ੍ਰਿਤ, ਉਰਦੂ, ਜਾਂ ਪੰਜਾਬੀ ਭਾਸ਼ਾਵਾਂ ਵਿੱਚੋਂ ਇੱਕ ਨੂੰ ਲਾਜ਼ਮੀ ਵਿਸ਼ੇ ਵਜੋਂ ਚੁਣਨਾ ਹੋਏਗਾ. ਬੋਰਡ ਦੇ ਚੇਅਰਮੈਨ ਡਾ. ਪਵਨ ਕੁਮਾਰ ਨੇ ਕਿਹਾ ਕਿ, ਨਵੀਂ ਪ੍ਰਣਾਲੀ ਤਹਿਤ, ਵਿਦਿਆਰਥੀਆਂ ਨੂੰ ਹੁਣ ਕੁੱਲ ਸੱਤ ਵਿਸ਼ਿਆਂ ਦਾ ਅਧਿਐਨ ਕਰਨ ਦੀ ਲੋੜ ਹੋਵੇਗੀ, ਜਿਸ ਵਿੱਚ ਛੇ ਲਾਜ਼ਮੀ ਵਿਸ਼ੇ ਅਤੇ ਇੱਕ ਵਿਕਲਪਿਕ ਵਿਸ਼ਾ ਸ਼ਾਮਿਲ ਏ।

---------------------------------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਵੱਲੋਂ ਚੰਡੀਗੜ੍ਹ ਵਿਖੇ ਫੂਡ ਪ੍ਰੋਸੈਸਿੰਗ ਅਤੇ ਖੇਤੀਬਾੜੀ-ਅਧਾਰਤ ਉਦਯੋਗਾਂ ਦੀਆਂ ਸੰਭਾਵਨਾਵਾਂ ਬਾਰੇ ਇੱਕ ਮਹੱਤਵਪੂਰਨ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੌਰਾਨ ਕੈਨੇਡਾ ਦੇ ਓਨਟਾਰੀਓ ਸੂਬੇ ਤੋਂ ਛੋਟੇ ਕਾਰੋਬਾਰਾਂ ਦੀ ਐਸੋਸੀਏਟ ਮੰਤਰੀ ਸ਼੍ਰੀਮਤੀ ਨੀਨਾ ਟਾਂਗਰੀ ਅਤੇ ਪੰਜਾਬ ਦੇ ਫੂਡ ਪ੍ਰੋਸੈਸਿੰਗ, ਖੇਤੀਬਾੜੀ, ਪਸ਼ੂ ਪਾਲਣ ਅਤੇ ਡੇਅਰੀ ਵਿਕਾਸ ਲਈ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਖੇਤੀਬਾੜੀ ਅਤੇ ਫੂਡ ਪ੍ਰੋਸੈਸਿੰਗ ਦੇ ਖੇਤਰਾਂ ਵਿੱਚ ਪੰਜਾਬ ਦੀ ਅਥਾਹ ਸੰਭਾਵਨਾ ਦੀ ਸ਼ਲਾਘਾ ਕਰਦਿਆਂ ਸ਼੍ਰੀਮਤੀ ਨੀਨਾ ਟਾਂਗਰੀ ਨੇ ਕਿਹਾ ਕਿ ਖੇਤੀਬਾੜੀ, ਫੂਡ

ਪ੍ਰੋਸੈਸਿੰਗ ਅਤੇ ਤਕਨਾਲੋਜੀ ਵਿੱਚ ਪੰਜਾਬ ਅਤੇ ਕੈਨੇਡਾ ਵਿਚਕਾਰ ਸਹਿਯੋਗ ਨੂੰ ਹੋਰ ਮਜ਼ਬੂਤ ਕੀਤਾ ਜਾ ਸਕਦਾ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਗਿਆਨ, ਤਕਨਾਲੋਜੀ ਅਤੇ ਨਿਵੇਸ਼ ਦੇ ਆਦਾਨ-ਪ੍ਰਦਾਨ ਨਾਲ ਦੋਵਾਂ ਖੇਤਰਾਂ ਦੇ ਕਿਸਾਨਾਂ ਅਤੇ ਉਦਯੋਗਾਂ ਨੂੰ ਬਹੁਤ ਲਾਭ ਹੋਵੇਗਾ। ਇਸ ਦੌਰਾਨ ਕੈਬਨਿਟ ਮੰਤਰੀ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਖੇਤੀਬਾੜੀ ਖੇਤਰ ਵਿੱਚ ਨਵੀਨਤਾ, ਆਧੁਨਿਕ ਤਕਨਾਲੋਜੀ ਅਤੇ ਫੂਡ ਪ੍ਰੋਸੈਸਿੰਗ ਉਦਯੋਗ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਏ। ਉਨ੍ਹਾਂ ਅੱਗੇ ਕਿਹਾ ਕਿ ਫੂਡ ਪ੍ਰੋਸੈਸਿੰਗ ਦੇ ਵਿਸਥਾਰ ਨਾਲ ਨਾ ਸਿਰਫ਼ ਕਿਸਾਨਾਂ ਦੀ ਆਮਦਨ ਵਧੇਗੀ ਸਗੋਂ ਪੰਜਾਬ ਦੇ ਖੇਤੀਬਾੜੀ ਉਤਪਾਦਾਂ ਨੂੰ ਆਲਮੀ ਮੰਡੀਆਂ ਵਿੱਚ ਲਿਜਾਣ ਲਈ ਨਵੇਂ ਮੌਕੇ ਵੀ ਪੈਦਾ ਹੋਣਗੇ।

------------------------------------------------------------------------

## ਚੇਤ ਦੇ ਨਰਾਤੇ ਅੱਜ ਸ਼ੁਰੂ ਹੋ ਗਏ ਨੇ। ਦੇਸ਼ ਭਰ ਦੇ ਸ਼ਰਧਾਲੂ ਇਹਨਾਂ ਨੌਂ ਸ਼ੁਭ ਦਿਨਾਂ ਨੂੰ ਬੜੇ ਉਤਸ਼ਾਹ ਅਤੇ ਸ਼ਰਧਾ ਨਾਲ ਮਨਾ ਰਹੇ ਨੇ।

### ਇੱਕ ਰਿਪੋਰਟ

ਨਰਾਤਿਆਂ ਦਾ ਨੌਂ ਦਿਨਾਂ ਦਾ ਤਿਉਹਾਰ ਪੰਜਾਬ ਸਮੇਤ ਦੇਸ਼ ਭਰ ਦੇ ਮੰਦਰਾਂ ਵਿੱਚ ਸਵੇਰ ਦੀ ਆਰਤੀ ਨਾਲ ਸ਼ੁਰੂ ਹੋਇਆ, ਜਿੱਥੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਆਸ਼ੀਰਵਾਦ ਲੈਣ ਲਈ ਇਕੱਠੇ ਹੋਏ। ਸੂਬੇ ਦੇ ਵੱਖ-ਵੱਖ ਮੰਦਰਾਂ ਵਿੱਚ ਸ਼ਰਧਾਲੂ ਵੱਡੀ ਗਿਣਤੀ 'ਚ ਪਹੁੰਚ ਰਹੇ ਨੇ। ਅੰਮ੍ਰਿਤਸਰ ਦੇ ਸ਼੍ਰੀ ਦੁਰਗਿਆਣਾ ਮੰਦਰ, ਪਟਿਆਲਾ ਦੇ ਮਾਤਾ ਕਾਲੀ ਦੇਵੀ ਮੰਦਰ ਅਤੇ ਜਲੰਧਰ ਦੇ ਸ਼੍ਰੀ ਦੇਵੀ ਤਾਲਾਬ ਮੰਦਰ ਸਮੇਤ ਰਾਜ ਦੇ ਹੋਰ ਸਾਰੇ ਮੰਦਰਾਂ ਵਿੱਚ, ਸ਼ਰਧਾਲੂ ਦੇਵੀ ਦੁਰਗਾ ਅੱਗੇ ਪੂਰੀ ਸ਼ਰਧਾ ਨਾਲ ਮੱਥਾ ਟੇਕ ਰਹੇ ਨੇ.

ਅੱਜ ਨਰਾਤਿਆਂ ਦੇ ਪਹਿਲੇ ਦਿਨ, ਦੇਵੀ ਦੁਰਗਾ ਦੇ ਸ਼ੈਲਪੁੱਤਰੀ ਰੂਪ ਦੀ ਪੂਜਾ ਕੀਤੀ ਜਾ ਰਹੀ ਏ । ਮੰਦਰਾਂ ਵਿੱਚ ਹਵਨ ਯੱਗ ਅਤੇ ਧਾਰਮਿਕ ਪ੍ਰੋਗਰਾਮ ਜਾਰੀ ਨੇ. ਚੇਤ ਦੇ ਨਰਾਤਿਆਂ ਦਾ ਵਿਸ਼ੇਸ਼ ਮਹੱਤਵ ਏ ਕਿਉਂਕਿ ਇਹ ਬਸੰਤ ਦੀ ਸ਼ੁਰੂਆਤ ਅਤੇ ਹਿੰਦੂ ਨਵੇਂ ਸਾਲ ਦੀ ਸ਼ੁਰੂਆਤ ਸਮੇਂ ਮਨਾਏ ਜਾਂਦੇ ਨੇ, ਜੋ ਅਧਿਆਤਮਿਕ ਸ਼ੁੱਧਤਾ ਅਤੇ ਨਵੀਂ ਸ਼ੁਰੂਆਤ ਦਾ ਪ੍ਰਤੀਕ ਏ. ਇਹ ਨਰਾਤੇ ਭਗਵਾਨ ਰਾਮ ਦੇ ਜਨਮ ਦੇ ਦਿਨ ਭਾਵ 26 ਮਾਰਚ ਰਾਮ ਨੌਮੀ ਦੇ ਦਿਹਾੜੇ ‘ਤੇ ਸਮਾਪਤ ਹੋਣਗੇ।

--------------------------------------------------------------------------------

ਜਲੰਧਰ ਦੇ ਵਧੀਕ ਡਿਪਟੀ ਕਮਿਸ਼ਨਰ ਅਮਨਿੰਦਰ ਕੌਰ ਨੇ ਅੱਜ ਸਬੰਧਤ ਅਧਿਕਾਰੀਆਂ ਨੂੰ ਕਮਰਸ਼ੀਅਲ ਸਿਲੰਡਰਾਂ ਦੀ ਸਪਲਾਈ ਸਿੱਖਿਆ ਸੰਸਥਾਵਾਂ ਅਤੇ ਹਸਪਤਾਲਾਂ ਨੂੰ ਪਹਿਲ ਦੇ ਆਧਾਰ ’ਤੇ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕਮਰਸ਼ੀਅਲ ਗੈਸ ਸਿਲੰਡਰਾਂ ਦੀ ਸਪਲਾਈ ਸਬੰਧੀ ਇਕ ਅਹਿਮ ਮੀਟਿੰਗ ਦੌਰਾਨ ਉਨ੍ਹਾਂ ਡੀ.ਈ.ਓ. (ਐਲੀਮੈਂਟਰੀ) ਤੇ ਡੀ.ਈ.ਓ.(ਸੈਕੰਡਰੀ) ਨੂੰ ਸਿੱਖਿਆ ਸੰਸਥਾਵਾਂ ਅਤੇ ਸਿਵਲ ਸਰਜਨ ਨੂੰ ਜ਼ਿਲ੍ਹੇ ਵਿੱਚ ਚੱਲ ਰਹੇ ਹਸਪਤਾਲਾਂ ਲਈ ਨੋਡਲ ਅਫ਼ਸਰ ਨਿਯੁਕਤ ਕਰਦਿਆਂ ਹਦਾਇਤ ਕੀਤੀ ਕਿ ਇਹ ਅਧਿਕਾਰੀ ਸਿੱਖਿਆ ਸੰਸਥਾਵਾਂ ਅਤੇ ਮੈਡੀਕਲ ਸੰਸਥਾਵਾਂ ਸਬੰਧੀ ਆਪਣੀ ਡਿਮਾਂਡ ਗੈਸ ਕੰਪਨੀਆਂ ਨੂੰ ਹਰ ਰੋਜ਼ ਦੇਣਾ ਯਕੀਨੀ ਬਣਾਉਣਗੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਜ਼ਿਲ੍ਹਾ ਕੰਟਰੋਲਰ, ਖੁਰਾਕ ਤੇ ਸਿਵਲ ਸਪਲਾਈਜ਼ ਇਨ੍ਹਾਂ ਦੀ ਮੰਗ ਅਨੁਸਾਰ ਗੈਸ ਦੀ ਸਪਲਾਈ ਯਕੀਨੀ ਬਣਾਉਣਗੇ। ਵਧੀਕ ਡਿਪਟੀ

ਕਮਿਸ਼ਨਰ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਕਿ ਪਹਿਲੇ ਘਰੇਲੂ ਗੈਸ ਸਿਲੰਡਰ ਦੀ ਡਲਿਵਰੀ ਹੋਣ ਮਗਰੋਂ ਬੁਕਿੰਗ 25 ਦਿਨਾਂ ਬਾਅਦ ਹੋਵੇਗੀ। ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਜਿਸ ਇਲਾਕੇ ਵਿੱਚ ਖਪਤਕਾਰਾਂ ਨੂੰ ਪੀ.ਐਨ.ਜੀ. ਰਾਹੀਂ ਗੈਸ ਦੀ ਸਪਲਾਈ ਹੋ ਰਹੀ ਏ, ਉਹ ਪੀ.ਐਨ.ਜੀ. ਗੈਸ ਦੀ ਹੀ ਵਰਤੋਂ ਕਰਨ ਅਤੇ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਗੈਸ ਸਿਲੰਡਰਾਂ ਦੀ ਬੁਕਿੰਗ ਨਾ ਕਰਵਾਉਣ ਤਾਂ ਜੋ ਇਹ ਸਿਲੰਡਰ ਲੋੜਵੰਦ ਖਪਤਕਾਰਾਂ ਨੂੰ ਸਮੇਂ ਸਿਰ ਮਿਲ ਸਕਣ।

------------------------------------------------------------------------------------------

ਮੌਸਮ ਵਿਭਾਗ ਨੇ ਜੰਮੂ-ਕਸ਼ਮੀਰ ਅਤੇ ਲੱਦਾਖ ਵਿੱਚ ਕੱਲ੍ਹ ਤੱਕ ਭਾਰੀ ਮੀਂਹ ਲਈ ORANGE ਅਲਰਟ ਜਾਰੀ ਕੀਤਾ ਏ। ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼, ਉਤਰਾਖੰਡ, ਦਿੱਲੀ ਅਤੇ ਰਾਜਸਥਾਨ ਵਿੱਚ ਮੀਂਹ ਅਤੇ ਗੜੇਮਾਰੀ ਦੀ ਸੰਭਾਵਨਾ ਏ।

------------------------------------------------------------------------------------------